**ਪੰਜਾਬ ਵਿਧਾਨ ਸਭਾ ਸਕੱਤਰੇਤ**

**ਸ਼ਨਿੱਚਰਵਾਰ, ਮਿਤੀ 25 ਜੂਨ, 2022 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ ਬੈਠਕ ਵਿਚ ਪੁੱਛੇ ਜਾਣ ਵਾਲੇ ਨਿਸ਼ਾਨ ਵਾਲੇ ਪ੍ਰਸ਼ਨ।**

**ਜ਼ਿਲ੍ਹਾ ਤਰਨਤਾਰਨ ਦੀ ਬੰਦ ਪਈ ਸੇਰੋਂ ਖੰਡ ਮਿੱਲ ਦੁਬਾਰਾ ਚਾਲੂ ਕਰਨਾ**

*10. **ਸਰਦਾਰ ਸਰਵਨ ਸਿੰਘ ਧੁੰਨ, ਐਮ.ਐਲ.ਏ.:-** ਕੀ ਸਹਿਕਾਰਤਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਜ਼ਿਲ੍ਹਾ ਤਰਨਤਾਰਨ ਦੀ ਬੰਦ ਪਈ ਸੇਰੋਂ ਖੰਡ ਮਿਲ ਨੂੰ ਮੁੜ ਚਾਲੂ ਕਰਨ ਦਾ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਕਦੋਂ ਤੱਕ?

**ਐਸ.ਸੀ/ਬੀ.ਸੀ. ਵਿਦਿਆਰਥੀਆਂ ਦੀ ਪ੍ਰੀਖਿਆ ਫੀਸ ਮੁਆਫ ਕਰਨਾ**

*23. **ਸ਼੍ਰੀ ਬੁੱਧ ਰਾਮ, ਐਮ.ਐਲ.ਏ.:-** ਕੀ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸਾਲ 2017 ਤੋਂ ਪਹਿਲਾਂ ਦਸਵੀਂ ਅਤੇ ਅੱਠਵੀਂ ਦੇ ਐਸ.ਸੀ./ਬੀ.ਸੀ. ਵਿਦਿਆਰਥੀਆਂ ਦੀ ਸਲਾਨਾ ਪ੍ਰੀਖਿਆ ਫੀਸ ਸਰਕਾਰ ਆਪ ਭਰਦੀ ਸੀ, ਪਰ ਪਿਛਲੀ ਸਰਕਾਰ ਨੇ ਐਸ.ਸੀ./ਬੀ.ਸੀ. ਵਿਦਿਆਰਥੀਆਂ ਤੋਂ ਇਹ ਪ੍ਰੀਖਿਆ ਫੀਸ ਲੈਣੀ ਸ਼ੁਰੂ ਕਰ ਦਿੱਤੀ ਹੈ; ਜੇਕਰ ਅਜਿਹਾ ਹੈ ਤਾਂ ਕੀ ਮੌਜੂਦਾ ਸਰਕਾਰ ਦੱਸਵੀ ਅਤੇ ਅੱਠਵੀਂ ਦੇ ਐਸ.ਸੀ./ਬੀ.ਸੀ. ਵਿਦਿਆਰਥੀਆਂ ਦੀ ਪ੍ਰੀਖਿਆ ਫੀਸ ਮੁਆਫ ਕਰਨ ਦਾ ਕੋਈ ਵਿਚਾਰ ਰੱਖਦੀ ਹੈ?

**ਡੇਰਾਬੱਸੀ ਤੋਂ ਬਰਵਾਲਾ ਤੱਕ ਸੜਕ ਦਾ ਨਵੀਨੀਕਰਨ ਕਰਨਾ**

*196. **ਸਰਦਾਰ ਕੁਲਜੀਤ ਸਿੰਘ ਰੰਧਾਵਾ, ਐਮ.ਐਲ.ਏ.:-** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਡੇਰਾਬੱਸੀ ਤੋਂ ਬਰਵਾਲਾ ਤੱਕ ਸੜਕ ਦੀ ਮਾੜੀ ਹਾਲਤ ਹੋਣ ਕਾਰਨ ਇਸ ਦਾ ਕਦੋਂ ਤੱਕ ਨਵੀਨੀਕਰਨ ਕਰ ਦਿੱਤਾ ਜਾਵੇਗਾ?

**ਬਨੂੜ ਦੇ ਚਿੜੀਆ ਘਰ ਦੀ ਸਾਂਭ ਸੰਭਾਲ**

*85. **ਪ੍ਰੋਫੈਸਰ ਜਸਵੰਤ ਸਿੰਘ ਗੱਜਣਮਾਜਰਾ, ਐਮ.ਐਲ.ਏ.:-** ਕੀ ਜੰਗਲਾਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਛੱਤਬੀੜ ਚਿੜੀਆ ਘਰ (ਮੋਹਾਲੀ) ਦੀ ਬਹੁਤ ਮਾੜੀ ਹਾਲਤ ਹੈ; ਜੇਕਰ ਅਜਿਹਾ ਹੋਵੇ ਤਾਂ ਉਸਦੀ ਸਾਂਭ ਸੰਭਾਲ ਲਈ ਸਰਕਾਰ ਵੱਲੋਂ ਕੀ ਯਤਨ ਕੀਤੇ ਜਾ ਰਹੇ ਹਨ?

**ਫਿਲੌਰ ਵਿਖੇ ਖੇਡ ਸਟੇਡੀਅਮ ਬਣਾਉਣਾ**

*185. **ਸ਼੍ਰੀ ਵਿਕਰਮਜੀਤ ਸਿੰਘ ਚੌਧਰੀ, ਐਮ.ਐਲ.ਏ.:-** ਕੀ ਖੇਡਾਂ ਅਤੇ ਯੁਵਕ ਸੇਵਾਵਾਂ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਵਿਧਾਨ ਸਭਾ ਹਲਕਾ ਫਿਲੌਰ ਵਿੱਚ ਕੋਈ ਵੱਡਾ ਸਰਕਾਰੀ ਖੇਡ ਸਟੇਡੀਅਮ ਨਹੀਂ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਸਰਕਾਰ ਇੱਥੇ ਇੱਕ ਖੇਡ ਸਟੇਡੀਅਮ ਸਥਾਪਿਤ ਕਰਨ ਤੇ ਵਿਚਾਰ ਕਰੇਗੀ?

**ਪੰਜਾਬ ਦੇ ਪਿੰਡਾਂ ਵਿੱਚ ਦੋ ਸ਼ਮਸ਼ਾਨ ਘਾਟਾਂ ਤੋਂ ਇੱਕ ਸ਼ਮਸ਼ਾਨ ਘਾਟ ਕਰਨਾ**

*36. **ਸਰਦਾਰ ਮਨਵਿੰਦਰ ਸਿੰਘ ਗਿਆਸਪੁਰਾ, ਐਮ.ਐਲ.ਏ.:-** ਕੀ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਪੰਜਾਬ ਦੇ ਬਹੁਤ ਸਾਰੇ ਪਿੰਡਾਂ ਵਿੱਚ ਦੋ ਜਾਂ ਦੋ ਤੋਂ ਵੱਧ ਸ਼ਮਸ਼ਾਨ ਘਾਟ ਹਨ;

ਅ) ਜੇਕਰ ਉਪਰੋਕਤ ਭਾਗ 'ੳ' ਦਾ ਉੱਤਰ ਹਾਂ ਵਿੱਚ ਹੋਵੇ ਤਾਂ ਕੀ ਦੋ ਸ਼ਮਸ਼ਾਨ ਘਾਟਾਂ ਤੋਂ ਇੱਕ ਸ਼ਮਸ਼ਾਨ ਘਾਟ ਕਰਨ ਵਾਲੇ ਪਿੰਡਾਂ ਨੂੰ ਪ੍ਰੋਤਸਾਹਿਤ ਕਰਨ ਦੀ ਸਰਕਾਰ ਦੀ ਕੋਈ ਤਜਵੀਜ਼ ਹੈ?

**ਟਰਾਂਸਪੋਰਟ ਵਿਭਾਗ ਪੰਜਾਬ ਵਿੱਚ ਸੇਵਾ ਨਿਭਾ ਰਹੇ ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ**

*137. **ਡਾ. ਸੁਖਵਿੰਦਰ ਕੁਮਾਰ, ਐਮ.ਐਲ.ਏ.:-** ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਟਰਾਂਸਪੋਰਟ ਵਿਭਾਗ ਵਿੱਚ ਇਸ ਵੇਲੇ ਕਿੰਨੇ ਮੁਲਾਜ਼ਮ ਕੰਟਰੈਕਟ ਤੇ ਸੇਵਾ ਨਿਭਾ ਰਹੇ ਹਨ ਅਤੇ ਇਨ੍ਹਾਂ ਨੂੰ ਪ੍ਰਤੀ ਮਹੀਨਾ ਕਿੰਨੀ-ਕਿੰਨੀ ਤਨਖਾਹ ਦਿੱਤੀ ਜਾ ਰਹੀ ਹੈ;

ਅ) ਕੀ ਉਪਰੋਕਤ ਭਾਗ (ੳ) ਵਿੱਚ ਵਰਣਿਤ ਮੁਲਾਜ਼ਮਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਨ ਦੀ ਕਿਸੇ ਤਜਵੀਜ਼ ਤੇ ਸਰਕਾਰ ਵਿਚਾਰ ਕਰ ਰਹੀ ਹੈ; ਜੇਕਰ ਅਜਿਹਾ ਹੋਵੇ ਤਾਂ ਕਦੋਂ ਤੱਕ, ਵੇਰਵੇ ਸਹਿਤ ਦੱਸਿਆ ਜਾਵੇ?

**ਪਾਣੀ ਦੀ ਘਾਟ ਨੂੰ ਪੂਰਾ ਕਰਨਾ**

*255. **ਸ਼੍ਰੀ ਨਰੇਸ਼ ਪੁਰੀ, ਐਮ.ਐਲ.ਏ.:-** ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਸੁਜਾਨਪੁਰ ਦੇ ਧਾਰ ਬਲਾਕ ਦੇ ਨਿਵਾਸੀਆਂ ਨੂੰ ਪਾਣੀ ਦੀ ਘਾਟ ਪੂਰੀ ਕਰਨ ਲਈ ਨਵੇਂ Surface Water Project ਚਾਲੂ ਕਰੇਗੀ; ਜੇਕਰ ਹਾਂ ਤਾਂ ਕਦੋਂ ਤੱਕ?

**ਰੋਪੜ ਦੀ ਪੁਰਾਣੀ ਬਿਲਡਿੰਗ ਢਾਹ ਕੇ ਨਵਾਂ ਕੰਪਲੈਕਸ ਬਣਾਉਣਾ**

*261. **ਸ਼੍ਰੀ ਦਿਨੇਸ਼ ਚੱਢਾ, ਐਮ.ਐਲ.ਏ.:-** ਕੀ ਸੈਰ ਸਪਾਟਾ ਅਤੇ ਸਭਿਆਚਾਰਕ ਮਾਮਲੇ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਪਿੰਕਾਸ਼ੀਆ ਟੂਰਿਜ਼ਮ ਕੰਪਲੈਕਸ, ਰੋਪੜ ਦੀ ਪੁਰਾਣੀ ਬਿਲਡਿੰਗ ਨੂੰ ਢਾਹ ਕੇ ਨਵਾਂ ਕੰਪਲੈਕਸ ਬਣਾਉਣ ਦਾ ਇੱਕ ਨਿੱਜੀ ਕੰਪਨੀ ਨਾਲ ਪਿਛਲੀ ਸਰਕਾਰ ਨੇ ਸਮਝੌਤਾ ਕੀਤਾ ਸੀ; ਜੇਕਰ ਹਾਂ ਤਾਂ ਕੀ ਇਸ ਨਿੱਜੀ ਕੰਪਨੀ ਖਿਲਾਫ ਸਕਿਓਰਟੀ ਜ਼ਬਤ ਕਰਨ ਤੋਂ ਬਿਨਾਂ ਕਾਨੂੰਨ/ਐਗਰੀਮੈਂਟ ਮੁਤਾਬਿਕ ਕੋਈ ਹੋਰ ਕਾਰਵਾਈ ਕੀਤੀ ਹੈ; ਵੇਰਵੇ ਸਹਿਤ ਦੱਸਿਆ ਜਾਵੇ?

**ਸ਼ੂਗਰ ਮਿੱਲ ਮੋਰਿੰਡਾ ਵੱਲੋਂ ਗੰਨਾ ਕਾਸ਼ਤਕਾਰਾਂ ਦੀ ਬਕਾਇਆ ਰਾਸ਼ੀ ਜਾਰੀ ਕਰਨਾ**

*45. **ਡਾਕਟਰ ਚਰਨਜੀਤ ਸਿੰਘ, ਐਮ.ਐਲ.ਏ.:-** ਕੀ ਸਹਿਕਾਰਤਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਸ਼ੂਗਰ ਮਿੱਲ, ਮੋਰਿੰਡਾ ਵੱਲ ਗੰਨਾ ਕਾਸ਼ਤਕਾਰ ਕਿਸਾਨਾਂ ਦਾ 3537.88 ਲੱਖ ਰੁਪਿਆ ਬਕਾਇਆ ਹੈ; ਜੇਕਰ ਹਾਂ ਤਾਂ ਇਹ ਰਾਸ਼ੀ ਕਦੋਂ ਤੱਕ ਜਾਰੀ ਕਰ ਦਿੱਤੀ ਜਾਵੇਗੀ;

ਅ) ਕੀ ਸਰਕਾਰ ਗੰਨਾ ਕਾਸ਼ਤਕਾਰ ਕਿਸਾਨਾਂ ਨੂੰ ਹਰ ਸਾਲ ਆਉਂਦੀ ਇਸ ਸਮੱਸਿਆ ਦੇ ਹੱਲ ਲਈ ਕੋਈ ਬਜਟ ਐਲੋਕੇਸ਼ਨ ਕਰਨ ਦਾ ਵਿਚਾਰ ਰੱਖਦੀ ਹੈ?

**ਹਾਈ ਵੋਲਟੇਜ਼ ਬਿਜਲੀ ਦੀਆਂ ਤਾਰਾਂ ਹਟਾਉਣਾ**

*249. **ਸਰਦਾਰ ਮਨਜਿੰਦਰ ਸਿੰਘ ਲਾਲਪੁਰਾ, ਐਮ.ਐਲ.ਏ.:-** ਕੀ ਬਿਜਲੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਖਡੂਰ ਸਾਹਿਬ ਦੇ ਅਧੀਨ ਕਿਹੜੇ-ਕਿਹੜੇ ਪਿੰਡਾਂ ਦੇ ਰਿਹਾਇਸ਼ੀ ਇਲਾਕੇ ਉੱਪਰੋਂ 11 ਹਜ਼ਾਰ KW ਵੋਲਟੇਜ਼ ਦੀਆਂ ਤਾਰਾਂ ਲੰਘਦੀਆਂ ਹਨ; ਜੇਕਰ ਅਜਿਹਾ ਹੋਵੇ ਤਾਂ ਕੀ ਇਹਨਾਂ ਤਾਰਾਂ ਨੂੰ ਸਰਕਾਰੀ ਖਰਚੇ ਤੇ ਹਟਾਉਣ ਲਈ ਸਰਕਾਰ ਵਿਚਾਰ ਕਰੇਗੀ?

ਪਰਤੋਂ ਜੀ....

**ਅਗਾਮੀ ਮਾਨਸੂਨ ਸੀਜ਼ਨ ਦੌਰਾਨ ਨਵੇਂ ਬੂਟੇ ਲਗਾਉਣ ਦੀ ਯੋਜਨਾ**

***275. ਸਰਦਾਰ ਅੰਮ੍ਰਿਤਪਾਲ ਸਿੰਘ ਸੁਖਾਨੰਦ, ਐਮ.ਐਲ.ਏ.:-** ਕੀ ਜੰਗਲਾਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਰਾਜ ਵਿੱਚ ਖੇਤਰਫਲ ਦੇ ਅਨੁਪਾਤ ਅਨੁਸਾਰ ਜੰਗਲਾਤ ਅਧੀਨ (ਗਰੀਨਰੀ) ਕਿੰਨ੍ਹਾਂ ਰਕਬਾ ਹੋਣਾ ਚਾਹੀਦਾ ਹੈ ਅਤੇ ਅਸਲ ਵਿੱਚ ਇਹ ਕਿੰਨ੍ਹਾ ਹੈ;

ਅ) ਜੰਗਲਾਤ ਅਧੀਨ ਰਕਬਾ ਵਧਾਉਣ ਲਈ ਅਗਾਮੀ ਮਾਨਸੂਨ ਸੀਜ਼ਨ ਦੌਰਾਨ ਕਿੰਨੇ ਨਵੇਂ ਬੂਟੇ ਲਗਾਏ ਜਾਣ ਦੀ ਯੋਜਨਾ ਹੈ;

ੲ) ਕੀ ਸਰਕਾਰ ਪਿੰਡਾਂ ਵਿੱਚ ਬੂਟੇ ਲਗਾਏ ਜਾਣ ਨੂੰ ਮਨਰੇਗਾ ਨਾਲ ਜੋੜਨ ਦੀ ਕੋਈ ਯੋਜਨਾ ਰੱਖਦੀ ਹੈ; ਜੇਕਰ ਹਾਂ ਤਾਂ ਵੇਰਵੇ ਦਿਤੇ ਜਾਣ?

**ਰਾਜਪੁਰਾ ਵਿਖੇ ਲੜਕੀਆਂ ਲਈ ਕਾਲਜ਼ ਖੋਲ੍ਹਣਾ**

***210. ਸ਼੍ਰੀਮਤੀ ਨੀਨਾ ਮਿੱਤਲ, ਐਮ.ਐਲ.ਏ.:-** ਕੀ ਉਚੇਰੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਰਾਜਪੁਰਾ ਵਿੱਚ ਕੋਈ ਵੀ ਸਰਕਾਰੀ ਗਰਲਜ਼ ਕਾਲਜ਼ ਨਹੀਂ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਇੱਥੇ ਇੱਕ ਸ਼ਹਿਰੀ ਅਤੇ ਇੱਕ ਦਿਹਾਤੀ ਸਰਕਾਰੀ ਗਰਲਜ਼ ਕਾਲਜ਼ ਖੋਲਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

**ਜ਼ਿਲ੍ਹਾ ਕਪੂਰਥਲਾ ਦੇ ਪਿੰਡ ਡਡਵਿੰਡੀ ਤੋਂ ਸੁਲਤਾਨਪੁਰ ਲੋਧੀ ਸੜਕ ਤੇ ਸਟਰੀਟ ਲਾਈਟਾਂ ਲਗਾਉਣਾ**

***242. ਰਾਣਾ ਗੁਰਜੀਤ ਸਿੰਘ, ਐਮ.ਐਲ.ਏ.:-** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਕਪੂਰਥਲਾ ਜ਼ਿਲ੍ਹੇ ਵਿੱਚ ਪਿੰਡ ਡਡਵਿੰਡੀ ਤੋਂ ਸੁਲਤਾਨਪੁਰ ਲੋਧੀ ਸੜਕ ਦੇ ਟੁਕੜੇ ਤੋਂ ਸਟਰੀਟ ਲਾਈਟਾਂ ਹਟਾ ਦਿੱਤੀਆਂ ਗਈਆਂ ਹਨ;

ਅ) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਇਸਦੇ ਕੀ ਕਾਰਨ ਹਨ ਅਤੇ ਉਕਤ ਲਾਈਟਾਂ ਕਦੋਂ ਤੱਕ ਮੁੜ ਲਗਾ ਦਿੱਤੀਆਂ ਜਾਣਗੀਆਂ?

**ਜਲੰਧਰ ਅਤੇ ਲੁਧਿਆਣਾ ਬੱਸ ਸਟੈਡਾਂ ਤੋਂ ਅੱਡਾ ਫੀਸ, ਪਾਰਕਿੰਗ ਫੀਸ ਕਿਰਾਏ ਜਾਂ ਹੋਰ ਸਾਧਨਾਂ ਤੋਂ ਇਕੱਠੀ ਕੀਤੀ ਰਾਸ਼ੀ ਦੇ ਵੇਰਵੇ**

***144. ਸ਼੍ਰੀ ਅਵਤਾਰ ਸਿੰਘ ਜੂਨੀਅਰ, ਐਮ.ਐਲ.ਏ.:-** ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਜਲੰਧਰ ਅਤੇ ਲੁਧਿਆਣਾ ਬੱਸ ਸਟੈਂਡਾਂ ਤੋਂ ਅੱਡਾ ਫੀਸ, ਪਾਰਕਿੰਗ ਫੀਸ, ਕਿਰਾਏ ਜਾਂ ਕਿਸੇ ਹੋਰ ਸਾਧਨ ਤੋਂ ਅਪ੍ਰੈਲ 2021 ਤੋਂ ਅਪ੍ਰੈਲ 2022 ਦੌਰਾਨ ਇਕੱਠੀ ਕੀਤੀ ਗਈ ਕੁੱਲ ਰਾਸ਼ੀ ਕਿੰਨੀ ਹੈ;

ਅ) ਉੱਕਤ ਬੱਸ ਸਟੈਂਡਾਂ ਦੇ ਰੱਖ-ਰਖਾਵ ਅਤੇ ਅੱਪਗ੍ਰੇਡੇਸ਼ਨ ਲਈ ਉਪਰੋਕਤ ਦੱਸੇ ਗਏ ਸਮੇਂ ਦੇ ਦੌਰਾਨ ਕੁੱਲ ਕਿੰਨਾ ਖਰਚਾ ਕੀਤਾ ਗਿਆ?

**ਹਲਕਾ ਦਸੂਹਾ ਦੇ ਬੇਟ ਏਰੀਏ ਦੀ ਸੇਮ ਦੀ ਸਮੱਸਿਆ**

***158. ਸਰਦਾਰ ਕਰਮਬੀਰ ਸਿੰਘ, ਐਮ.ਐਲ.ਏ.:-** ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਵਿਧਾਨ ਸਭਾ ਹਲਕਾ ਦਸੂਹਾ ਜ਼ਿਲ੍ਹਾ ਹੁਸ਼ਿਆਰਪੁਰ ਦਾ ਬਹੁਤ ਸਾਰਾ ਰਕਬਾ ਜੋ ਕਿ ਬੇਟ ਏਰੀਏ ਵਿੱਚ ਪੈਂਦਾ ਹੈ, ਵਿੱਚ ਸੇਮ ਦੀ ਕਾਫੀ ਸਮੱਸਿਆ ਹੈ; ਜੇਕਰ ਅਜਿਹਾ ਹੋਵੇ ਤਾਂ ਸਰਕਾਰ ਵੱਲੋਂ ਉਕਤ ਸੇਮ ਦੀ ਸਮੱਸਿਆ ਨੂੰ ਰੋਕਣ ਲਈ ਕੀ ਉਪਰਾਲੇ ਕੀਤੇ ਜਾ ਰਹੇ ਹਨ?

**ਹਲਕਾ ਭੁਲੱਥ ਭੋਗਪੁਰ ਰੋਡ ਦੀ ਸਪੈਸ਼ਲ ਰਿਪੇਅਰ ਕਰਨਾ**

***245. ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ.:-** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਭੁਲੱਥ-ਭੋਗਪੁਰ ਰੋਡ ਦੀ ਸਪੈਸ਼ਲ ਰਿਪੇਅਰ ਦਾ ਕੰਮ ਪੇਮੈਂਟ ਨਾ ਕੀਤੇ ਜਾਣ ਕਾਰਨ ਬੰਦ ਹੋ ਗਿਆ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਦੇ ਕੀ ਕਾਰਨ ਹਨ ਅਤੇ ਇਸ ਸੜਕ ਦੀ ਸਪੈਸ਼ਲ ਰਿਪੇਅਰ ਕਦੋਂ ਤੱਕ ਮੁਕੰਮਲ ਹੋ ਜਾਵੇਗੀ?

**ਪਿੰਡਾਂ ਅਤੇ ਸ਼ਹਿਰਾਂ ਦੀਆਂ ਖਾਲੀ ਜਮੀਨਾਂ ਤੇ ਰੁੱਖ ਲਗਾਉਣਾ**

***240. ਸਰਦਾਰ ਜਸਬੀਰ ਸਿੰਘ ਰਾਜਾ ਗਿੱਲ, ਐਮ.ਐਲ.ਏ.:-** ਕੀ ਜੰਗਲਾਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਪੰਜਾਬ ਦੇ ਵਾਤਾਵਰਣ ਦੀ ਸ਼ੁੱਧਤਾ ਨੂੰ ਕਾਇਮ ਰੱਖਣ ਲਈ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਖਾਲੀ ਪਈ ਥਾਂ/ਸ਼ਾਮਲਾਟ ਜਮੀਨ ਤੇ ਸਰਕਾਰ ਵੱਲੋਂ ਰੁੱਖ ਲਗਾਉਣ ਸਬੰਧੀ ਕੀ ਉਪਰਾਲੇ ਕੀਤੇ ਜਾ ਰਹੇ ਹਨ; ਵੇਰਵੇ ਦਿੱਤੇ ਜਾਣ?

**ਹਲਕਾ ਸਨੌਰ, ਜ਼ਿਲ੍ਹਾ ਪਟਿਆਲਾ ਵਿੱਚ ਸਰਕਾਰੀ ਕਾਲਜ ਖੋਲਣਾ**

***213. ਸਰਦਾਰ ਹਰਮੀਤ ਸਿੰਘ ਪਠਾਣਮਾਜਰਾ, ਐਮ.ਐਲ.ਏ.:-** ਕੀ ਉਚੇਰੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਹਲਕਾ ਸਨੌਰ, ਜ਼ਿਲ੍ਹਾ ਪਟਿਆਲਾ ਵਿੱਚ ਮੌਜੂਦਾ ਸਮੇਂ ਵਿੱਚ ਕਿੰਨੇ ਸਰਕਾਰੀ ਕਾਲਜ਼ ਚੱਲ ਰਹੇ ਹਨ;

ਅ) ਕੀ ਸਰਕਾਰ ਇਲਾਕੇ ਦੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਮੁੱਖ ਰੱਖਦੇ ਹੋਏ ਇੱਕ ਹੋਰ ਸਰਕਾਰੀ ਕਾਲਜ਼ ਹਲਕਾ ਸਨੌਰ ਵਿਖੇ ਖੋਲ੍ਹਣ ਉਤੇ ਵਿਚਾਰ ਕਰੇਗੀ; ਜੇਕਰ ਹਾਂ ਤਾਂ ਕਦੋਂ ਤੱਕ?

**ਗ੍ਰਾਮ ਪੰਚਾਇਤ ਅਰਨੀਵਾਲਾ ਦੀ ਜ਼ਮੀਨ ਪੰਜਾਬ ਟੈਕਨੀਕਲ ਯੂਨੀਵਰਸਿਟੀ ਨੂੰ ਦੇਣਾ**

***74. ਸ਼੍ਰੀ ਜਗਦੀਪ ਕੰਬੋਜ਼ ਗੋਲਡੀ, ਐਮ.ਐਲ.ਏ.:-** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਗ੍ਰਾਮ ਪੰਚਾਇਤ ਅਰਨੀਵਾਲਾ, ਜ਼ਿਲ੍ਹਾ ਫਾਜ਼ਿਲਕਾ (ਹੁਣ ਨਗਰ ਪੰਚਾਇਤ) ਦੀ 117 ਕਨਾਲ 12 ਮਰਲੇ ਜ਼ਮੀਨ ਕਾਨੂੰਨੀ ਪ੍ਰਕਿਰਿਆ ਮੁਕੰਮਲ ਕਰਨ ਉਪਰੰਤ ਪੰਜਾਬ ਟੈਕਨੀਕਲ ਯੂਨੀਵਰਸਿਟੀ ਨੂੰ ਦਿੱਤੀ ਗਈ ਸੀ;

ਅ) ਕੀ ਇਸ ਜ਼ਮੀਨ ਵਿੱਚ ਪੰਜਾਬ ਟੈਕਨੀਕਲ ਯੂਨੀਵਰਸਿਟੀ/ਮਹਾਰਾਜਾ ਰਣਜੀਤ ਸਿੰਘ ਸਟੇਟ ਟੈਕਨੀਕਲ ਯੂਨੀਵਰਸਿਟੀ ਦਾ ਕੋਈ ਕਾਲਜ ਚਲ ਰਿਹਾ ਹੈ; ਵੇਰਵੇ ਸਹਿਤ ਦੱਸਿਆ ਜਾਵੇ?

ਚੰਡੀਗੜ੍ਹ
ਮਿਤੀ 22 ਜੂਨ, 2022

ਸੁਰਿੰਦਰ ਪਾਲ,
ਸਕੱਤਰ,
ਪੰਜਾਬ ਵਿਧਾਨ ਸਭਾ।

23/6/2022
Superintendent
Punjab Vidhan Sabha
Chandigarh